# ਪਿੰਡ ਬੂੜਾ ਗੁੱਜਰ ’ਚ ਜਗਦੇਵ ਸਿੰਘ ਦਾ ਕਤਲ ਕਰਨ ਵਾਲੇ ਪਤੀ ਪਤਨੀ ਗ੍ਰਿਫ਼ਤਾਰ

ਜਾਣਕਾਰੀ ਅਨੁਸਾਰ 24 ਅਪ੍ਰੈਲ 2024 ਨੂੰ ਸੁਖਮਿੰਦਰ ਸਿੰਘ ਨੇ ਪੁਲਿਸ ਨੂੰ ਬਿਆਨ ਲਿਖਾਇਆ ਕਿ ਉਹ ਅਤੇ ਉਸਦਾ ਭਰਾ ਜੋਗਿੰਦਰ ਸਿੰਘ ਦਾਣਾ ਮੰਡੀ ਜੰਡੂਆਣਾ ਵਿਖੇ ਲੇਬਰ ਦਾ ਕੰਮ ਕਰਨ ਗਏ ਸੀ। ਉਸ ਦੌਰਾਨ ਉਸ ਦੇ ਗੁਆਂਢੀ ਸੁਖਪ੍ਰੀਤ ਨੇ ਫੋਨ ’ਤੇ ਦੱਸਿਆ ਕਿ ਅੰਗਰੇਜ਼ ਸਿੰਘ ਪੁੱਤਰ ਪਾਲ ਸਿੰਘ ਅਤੇ ਉਸਦੀ ਪਤਨੀ ਮਨਪ੍ਰੀਤ ਕੌਰ ਉਸਦੇ ਪਿਤਾ ਜਗਦੇਵ ਸਿੰਘ ਪੁੱਤਰ ਰੂਪ ਸਿੰਘ ਘਰ ’ਚ ਵੜ ਕੇ ਉਸਦੀ ਬੁਰੀ ਤਰ੍ਹਾਂ ਕੁੱਟਮਾਰ ਕਰ ਰਹੇ ਹਨ।



ਜ਼ਿਲ੍ਹਾ ਪੁਲਿਸ ਮੁੱਖੀ ਭਾਗੀਰਥ ਸਿੰਘ ਮੀਨਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹੇ ਅੰਦਰ ਸ਼ਰਾਰਤੀ ਅਨਸਰਾਂ ਖਿਲਾਫ਼ ਮੁਹਿੰਮ ਵਿੱਢੀ ਗਈ ਹੈ ਜਿਸ ਤਹਿਤ ਮਨਮੀਤ ਸਿੰਘ ਢਿੱਲੋਂ ਕਪਤਾਨ ਪੁਲਿਸ (ਡੀ) ਅਤੇ ਸਤਨਾਮ ਸਿੰਘ ਡੀਐਸਪੀ (ਸ੍ਰੀ ਮੁਕਤਸਰ ਸਾਹਿਬ) ਦੀ ਨਿਗਰਾਨੀ ਹੇਠ ਇੰਸਪੈਕਟਰ ਇਕਬਾਲ ਹੁਸੈਨ ਮੁੱਖ ਅਫਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਪਿੰਡ ਬੂੜਾ ਗੁੱਜਰ ਵਿਖੇ ਜਗਦੇਵ ਸਿੰਘ ਦਾ ਕਤਲ ਕਰਨ ਵਾਲੇ ਪਤੀ ਪਤਨੀ ਨੂੰ ਕਾਬੂ ਕੀਤਾ ਹੈ।